ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

# ਹਜ਼ੂਰ ਸਾਹਿਬ ਤੋਂ ਪਰਤੀਆਂ ਸੰਗਤਾਂ ਲਈ ਇਕਾਂਤਵਾਸ ਕੇਂਦਰ ਵਿਚ ਹਰ ਸਹੂਲਤ ਦੀ ਵਿਵਸਥਾ

## ਚਾਹ ਤੇ ਖਾਣਾ ਕਰਵਾਇਆ ਜਾ ਰਿਹਾ ਹੈ ਮੁੱਹਈਆ

## ਨਿਯਮਿਤ ਤੌਰ ਤੇ ਕਮਰਿਆ ਨੂੰ ਕੀਤਾ ਜਾਂਦਾ ਹੈ ਸੈਨੇਟਾਈਜ਼

## ਟੂਥ ਬਰੱਸ਼, ਪੇਸਟ, ਸਾਬਣ, ਮੱਗ-ਬਾਲਟੀਆਂ ਆਦਿ ਲੋੜੀਂਦਾ ਸਮਾਨ ਵੀ ਉਪਲਬਧ

ਬਠਿੰਡਾ, 3 ਮਈ-

ਮਿਤੀ 26 ਤੋਂ 30 ਅਪਰੈਲ ਤੱਕ ਜੋ ਸੰਗਤਾਂ ਤਖਤ ਸ੍ਰੀ ਹਜੂਰ ਸਾਹਿਬ ਤੋਂ ਪਰਤੀਆਂ ਸਨ, ਉਨ੍ਹਾਂ ਨੂੰ ਮੈਰੀਟੋਰੀਅਸ ਸਕੂਲ ਵਿਖੇ ਬਣੇ ਇਕਾਂਤਵਾਸ ਕੇਂਦਰ ਵਿਚ ਰੱਖਿਆ ਗਿਆ ਹੈ, ਜਿੱਥੇ ਸੰਗਤਾਂ ਦੀ ਸਹੂਲਤ ਲਈ ਸਾਰੀਆਂ ਬੁਨਿਆਦੀ ਵਸਤਾਂ ਮੁਹਈਆ ਕਰਵਾਈਆਂ ਜਾ ਰਹੀਆਂ ਹਨ। ਸੰਗਤਾਂ ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਦੇ ਸੇਵਾ ਭਾਵ ਤੋਂ ਪੂਰੀਆਂ ਖੁਸ਼ ਹਨ। ਜਿਵੇਂ ਜਿਵੇਂ ਇਹ ਸੰਗਤਾਂ ਇੱਥੇ ਪੁੱਜੀਆਂ ਸਨ ਇੰਨ੍ਹਾਂ ਨੂੰ ਸਭ ਤੋਂ ਪਹਿਲਾਂ ਜ਼ਰੂਰੀ ਲੋੜ ਦੀਆਂ ਵਸਤਾਂ ਟੂਥ ਬਰੱਸ਼, ਪੇਸਟ, ਸਾਬਣ, ਸੈਂਪੂ, ਮੱਛਰ ਮਾਰ ਦਵਾਈ ਅਤੇ ਮੱਗ ਬਾਲਟੀਆਂ ਕਮਰੇ ਅਲਾਟ ਕਰਨ ਦੇ ਨਾਲ ਹੀ ਮੁਹੱਈਆ ਕਰਵਾਏ ਗਏ।

ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦੱਸਿਆ ਕਿ ਇਨ੍ਹਾਂ ਸਾਰੀਆਂ ਸੰਗਤਾਂ ਦੀ ਕੁਆਰਨਟੀਨ ਦੌਰਾਨ ਦੇਖ ਭਾਲ ਦਾ ਜ਼ਿੰਮਾਂ ਬਠਿੰਡਾ ਦੇ ਐਸ ਡੀ ਐਮ ਅਮਰਿੰਦਰ ਸਿੰਘ ਟਿਵਾਣਾ ਅਤੇ ਤਹਿਸੀਲਦਾਰ ਸੁਖਬੀਰ ਸਿੰਘ ਬਰਾੜ ਨੂੰ ਸੌਂਪਿਆ ਗਿਆ ਹੈ ਅਤੇ ਉਨ੍ਹਾਂ ਵੱਲੋਂ ਇਨ੍ਹਾਂ ਸੰਗਤਾਂ ਦੀਆਂ ਲੋੜਾਂ ਅਨੁਸਾਰ ਹਰ ਵਸਤੂ ਮੁਹੱਈਆ ਕਰਵਾਈ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੈਰੀਟੋਰੀਅਸ ਸਕੂਲ ਵਿਖੇ ਠਹਿਰੇ 125 ਵਿਅਕਤੀਆਂ ਨੂੰ ਸਥਾਨਕ ਪ੍ਰਸ਼ਾਸਨ ਵੱਲੋਂ ਪੌਸ਼ਟਿਕ ਖਾਣਾ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਵਿਅਕਤੀਆਂ ਨੂੰ ਸਿਹਤਮੰਦ ਰੱਖਣ ਲਈ ਅਤੇ ਕਿਸੇ ਵੀ ਤਰ੍ਹਾਂ ਦੀ ਤੰਗੀ ਨਾ ਆਉਣ ਦੇਣ ਲਈ ਰੋਜ਼ਾਨਾ ਦੀਆਂ ਹੋਰ ਲੋੜਾਂ ਦੀ ਪੂਰਤੀ ਕੀਤੀ ਜਾਂਦੀ ਹੈ।ਇਸ ਤੋਂ ਬਿਨ੍ਹਾਂ ਨੌਜ਼ਵਾਨਾ ਵੇਲਫੇਅਰ ਸੁਸਾਇਟੀ ਵੱਲੋਂ ਵੀ ਬਹੁਤ ਸਹਿਯੋਗ ਕੀਤਾ ਜਾਂਦਾ ਹੈ।

ਐਸਡੀਐਮ ਸ: ਅਮਰਿੰਦਰ ਸਿੰਘ ਨੇ ਦੱਸਿਆ ਕਿ ਇੱਥੇ ਰਹਿ ਰਹੇ ਯਾਤਰੀਆਂ ਵਿਚਕਾਰ ਸਮਾਜਿਕ ਦੂਰੀ ਦਾ ਵਿਸੇਸ਼ ਖਿਆਲ ਰੱਖਿਆ ਜਾ ਰਿਹਾ ਹੈ। ਹਰੇਕ ਕਮਰੇ 'ਚ ਬੈਡ, ਗੱਦੇ ਤੇ ਸਿਰਹਾਣੇ ਤੋਂ ਇਲਾਵਾ ਪੱਖੇ ਤੇ ਟਿਊਬ ਲਾਈਟ ਦਾ ਪ੍ਰਬੰਧ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸਾਰਿਆਂ ਲਈ ਤਿੰਨ ਟਾਈਮ ਦਾ ਖਾਣਾ ਬਣ ਕੇ ਆ ਰਿਹਾ ਹੈ, ਜੋ ਕਿ ਸਾਫ਼-ਸਫ਼ਾਈ ਅਤੇ ਪੌਸ਼ਟਿਕਤਾ ਦਾ ਧਿਆਨ ਰੱਖ ਕੇ ਤਿਆਰ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਇਹ ਸਭ ਕੁੱਝ ਇੱਕ ਨਿਸ਼ਚਿਤ ਕੀਤੇ ਬੈਰੀਅਰ ਤੱਕ ਪਹੁੰਚਾਇਆ ਜਾਂਦਾ ਹੈ, ਜਿੱਥੋਂ ਅੱਗੇ ਇਹ

ਯਾਤਰੀ ਆਪਣੇ-ਆਪ ਇਸ ਸਮਾਨ ਨੂੰ ਲਿਜਾ ਕੇ ਅੱਗੇ ਬੜੇ ਸੁਚੱਜੇ ਢੰਗ ਤੇ ਸਾਵਧਾਨੀ ਪੂਰਵਕ ਬਾਕੀ ਸੰਗਤਾਂ ਨਾਲ ਸਾਂਝਾਂ ਕਰ ਲੈਂਦੇ ਹਨ।ਇਸ ਤੋਂ ਬਿਨ੍ਹਾਂ ਛੋਟੇ ਬੱਚਿਆ ਲਈ ਵਿਸ਼ੇਸ ਤੌਰ ਤੇ ਟੌਫੀਆਂ ਵੀ ਦਿੱਤੀਆਂ ਜਾਂਦੀਆਂ ਹਨ।

ਇੱਥੇ ਡਾਕਟਰਾਂ ਦੀ ਟੀਮ ਹਰ ਵੇਲੇ ਤਾਇਨਾਤ ਰਹਿੰਦੀ ਹੈ ਅਤੇ ਜਰੂਰਤ ਅਨੁਸਾਰ ਜੇਕਰ ਕਿਸੇ ਨੂੰ ਦਵਾਈ ਦੀ ਜਰੂਰਤ ਹੋਵੇ ਤਾਂ ਮੁਹਈਆ ਕਰਵਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਯਾਤਰੀਆਂ ਦੀ ਕਾਊਂਸਲਿੰਗ ਵੀ ਕੀਤੀ ਗਈ ਤਾਂ ਜੋ ਉਨ੍ਹਾਂ ਦਾ ਮਨੋਬਲ ਕਾਇਮ ਰਹੇ ਅਤੇ ਉਨ੍ਹਾਂ ਨੂੰ ਸਮਝਾਇਆ ਗਿਆ ਹੈ ਕਿ ਆਪਣਾ ਸਮਾਂ ਅਲੱਗ-ਅਲੱਗ ਗਤੀਵਿਧੀਆਂ ਜਾਂ ਗੱਲਾਂਬਾਤਾਂ ਤੇ ਪੂਜਾ-ਪਾਠ ਰਾਹੀਂ ਬਤੀਤ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਮੈਡੀਕਲ ਸਟਾਫ਼, ਸਿਵਲ ਤੇ ਪੁਲਿਸ ਪ੍ਰਸ਼ਾਸਨ ਵੱਲੋਂ ਇਨ੍ਹਾਂ ਸੰਗਤਾਂ ਦੇ ਹਰ ਤਰ੍ਹਾਂ ਦੇ ਸੁੱਖ-ਅਰਾਮ ਦਾ ਖਿਆਲ ਰੱਖਿਆ ਜਾ ਰਿਹਾ ਹੈ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਿਲ ਨਾ ਆਵੇ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕਮਰਿਆਂ ਨੂੰ ਨਿਯਮਿਤ ਤੌਰ ਤੇ ਸੈਨੇਟਾਈਜ਼ ਕਰਵਾਇਆ ਜਾਂਦਾ ਹੈ।ਜਦ ਕਿ ਇਸ ਇਕਾਂਤਵਾਸ ਦੇ ਵਰਜਿਤ ਖੇਤਰ ਵਿਚ ਜਾਣ ਵਾਲੇ ਅਮਲੇ, ਸਫਾਈ ਕਰਮੀਆਂ, ਕਪੜੇ ਧੋਣ ਵਾਲੇ ਅਮਲੇ ਨੂੰ ਪੀਪੀਈ ਕਿੱਟਾਂ ਵੀ ਮੁਹਈਆ ਕਰਵਾਈਆਂ ਗਈਆਂ ਹਨ ਅਤੇ ਸਾਰੇ ਸੁਰੱਖਿਆ ਮਾਨਦੰਡਾਂ ਦਾ ਪਾਲਣ ਵੀ ਕੀਤਾ ਜਾਂਦਾ ਹੈ। ਇੱਥੇ ਹਾਜਰ ਸੰਗਤਾਂ ਨੇ ਪ੍ਰਸ਼ਾਸਨ ਵੱਲੋਂ ਕੀਤੇ ਇੰਤਜਾਮ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਹੈ।

I/21852/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

## ਵੱਖ ਵੱਖ ਖ਼ਰੀਦ ਏਜੰਸੀਆਂ ਵਲੋਂ 6.94 ਲੱਖ ਮੀਟ੍ਰਿਕ ਟਨ ਕਣਕ ਖ਼ਰੀਦ

## 1065 ਕਰੋੜ ਰੁਪਏ ਦੀ ਕੀਤੀ ਜਾ ਚੁੱਕੀ ਹੈ ਕਿਸਾਨਾਂ ਨੂੰ ਅਦਾਇਗੀ

ਬਠਿੰਡਾ, 3 ਮਈ :

ਬਠਿੰਡਾ ਜ਼ਿਲੇ ’ਚ ਬੀਤੀ ਸ਼ਾਮ ਤੱਕ 6.94 ਲੱਖ ਮੀਟ੍ਰਿਕ ਟਨ ਕਣਕ ਵੱਖ ਵੱਖ ਖ਼ਰੀਦ ਏਜੰਸੀਆਂ ਵਲੋਂ ਖ਼ਰੀਦੀ ਜਾ ਚੁੱਕੀ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਬੀ.ਸ਼੍ਰੀਨਿਵਾਸਨ ਨੇ ਦਿੱਤੀ। ਉਨਾਂ ਇਹ ਵੀ ਕਿਹਾ ਕਿ ਬੀਤੀ ਸ਼ਾਮ ਤੱਕ ਕਣਕ ਦੀ 4,67,080 ਮੀਟ੍ਰਿਕ ਟਨ ਦੀ ਲਿਫ਼ਟਿੰਗ ਵੀ ਮੰਡੀਆਂ ਵਿਚੋਂ ਕੀਤੀ ਜਾ ਚੁੱਕੀ ਹੈ। ਉਨਾਂ ਇਹ ਵੀ ਦੱਸਿਆ ਕਿ ਪਿਛਲੇ ਦਿਨ ਤੱਕ 721697 ਮੀਟ੍ਰਿਕ ਟਨ ਕਣਕ ਮੰਡੀਆਂ ਵਿਚ ਪੁੱਜੀ ਹੈ। ਇਸ ਤੋਂ ਇਲਾਵਾ ਉਨਾਂ ਇਹ ਵੀ ਦੱਸਿਆ ਕਿ ਹੁਣ ਤੱਕ ਕਿਸਾਨਾਂ ਨੂੰ 1065 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਜ਼ਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਸ. ਮਨਦੀਪ ਸਿੰਘ ਮਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਨਗ੍ਰੇਨ ਵਲੋਂ 199849 ਮੀਟ੍ਰਿਕ ਟਨ, ਮਾਰਕਫੈਡ ਵਲੋਂ 178749 ਮੀਟ੍ਰਿਕ ਟਨ, ਪਨਸਪ ਵਲੋਂ 154527 ਮੀਟ੍ਰਿਕ ਟਨ, ਪੰਜਾਬ ਵੇਅਰ ਹਾਊਸ ਵਲੋਂ 108898 ਅਤੇ ਇਸ ਤੋਂ ਇਲਾਵਾ ਐਫ਼.ਸੀ.ਆਈ. ਖ਼ਰੀਦ ਏਜੰਸੀ ਵਲੋਂ 51886 ਮੀਟ੍ਰਿਕ ਕਣਕ ਦੀ ਖ਼ਰੀਦ ਕੀਤੀ ਗਈ। ਇਸ ਤੋਂ ਇਲਾਵਾ ਉਨਾਂ ਇਹ ਵੀ ਕਿਹਾ ਕਿ ਮੰਡੀਆਂ ਵਿਚ ਕਿਸਾਨਾਂ ਵੀਰਾਂ ਦੇ ਲਈ ਸਾਰੇ ਸੁਚੱਜੇ ਤਰੀਕੇ ਨਾਲ ਪ੍ਰਬੰਧ ਮੁਕੰਮਲ ਕੀਤੇ ਹੋਏ ਹਨ ਤੇ ਉਨਾਂ ਨੂੰ ਕਿਸੇ ਵੀ ਤਰਾਂ ਦੀ ਸਮੱਸਿਆ ਦਰਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

I/21853/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## 33 ਹੋਰ ਪਾਜਿਟਵ ਰਿਪੋਰਟਾਂ ਆਉਣ ਨਾਲ ਜ਼ਿਲ੍ਹੇ ਵਿਚ ਕਰੋਨਾ ਨਾਲ ਲੜ ਰਹੇ ਲੋਕਾਂ ਦੀ ਗਿਣਤੀ ਹੋਈ 35

## -ਸਾਰੇ ਪੰਜਾਬ ਤੋਂ ਬਾਹਰ ਤੋਂ ਪਰਤੇ ਅਤੇ ਲਾਗ ਦਾ ਸਥਾਨਕ ਸ੍ਰੋਤ ਨਹੀਂ-ਡਿਪਟੀ ਕਮਿਸ਼ਨਰ

## -ਜ਼ਿਲ੍ਹੇ ਵਿਚ ਪਹੁੰਚਣ ਤੋਂ ਹੀ ਸਨ ਇਕਾਂਤਵਾਸ ਵਿਚ

## -173 ਹੋਰ ਨੈਗੇਟਿਵ ਰਿਪੋਰਟਾਂ ਪ੍ਰਾਪਤ

ਬਠਿੰਡਾ, 3 ਮਈ-

ਪੰਜਾਬ ਤੋਂ ਬਾਹਰ ਤੋਂ ਪਰਤੇ ਲੋਕਾਂ ਦੇ ਲਏ ਨਮੂਨਿਆਂ ਵਿਚੋਂ 33 ਹੋਰ ਦੀ ਕਰੋਨਾ ਟੈਸਟ ਰਿਪੋਟ ਪਾਜਿਟਵ ਆਉਣ ਨਾਲ ਹੁਣ ਬਠਿੰਡਾ ਜ਼ਿਲ੍ਹੇ ਵਿਚ ਕੋਵਿਡ 19 ਬਿਮਾਰੀ ਨਾਲ ਲੜ ਰਹੇ ਲੋਕਾਂ ਦੀ ਕੁੱਲ ਗਿਣਤੀ 35 ਹੋ ਗਈ ਹੈ।ਇੰਨ੍ਹਾਂ ਦੀ ਰਿਪੋਟ ਬੀਤੀ ਦੇਰ ਰਾਤ ਪ੍ਰਾਪਤ ਹੋਈ ਹੈ ਅਤੇ ਇੰਨ੍ਹਾਂ ਨੂੰ ਇਕਾਂਤਵਾਸ ਕੇਂਦਰ ਤੋਂ ਹੁਣ ਸਰਕਾਰੀ ਹਸਪਤਾਲਾਂ ਵਿਚ ਤਬਦੀਲ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਆਈਏਐਸ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਬਿਨ੍ਹਾਂ ਬੀਤੀ ਦੇਰ ਸ਼ਾਮ ਜ਼ਿਲ੍ਹੇ ਨਾਲ ਸਬੰਧਤ 173 ਲੋਕਾਂ ਦੀਆਂ ਨੈਗੇਟਿਗ ਰਿਪੋਟਾਂ ਵੀ ਪ੍ਰਾਪਤ ਹੋਈਆਂ ਹਨ।ਉਨ੍ਹਾਂ ਨੇ ਦੱਸਿਆ ਕਿ ਹੁਣ ਤੱਕ ਮਹਾਰਾਸ਼ਟਰ ਤੋਂ ਪਰਤੇ ਯਾਤਰੀਆਂ ਦੇ ਲਏ ਸਾਰੇ ਨਮੂਨਿਆਂ ਦੀ ਰਿਪੋਟ ਦੇ ਨਤੀਜੇ ਵੀ ਪ੍ਰਾਪਤ ਹੋ ਚੁੱਕੇ ਹਨ। ਜਦਕਿ ਮਹਾਰਾਸ਼ਟਰ, ਰਾਜਸਥਾਨ ਗਏ ਸਰਕਾਰੀ ਬੱਸਾਂ ਦੇ ਸਟਾਫ ਨੂੰ ਵੀ ਇਕਾਂਤਵਾਸ ਕੀਤਾ ਹੋਇਆ ਹੈ ਅਤੇ ਉਨ੍ਹਾਂ ਦੇ ਨਮੂਨੇ ਵੀ ਜਾਂਚ ਲਈ ਭੇਜੇ ਜਾ ਰਹੇ ਹਨ।ਉਨ੍ਹਾਂ ਨੇ ਕਿਹਾ ਕਿ ਜਿਨ੍ਹਾਂ ਦੇ ਨਮੂਨੇ ਨੈਗੇਟਿਵ ਪ੍ਰਾਪਤ ਹੋਏ ਹਨ ਉਨ੍ਹਾਂ ਨੂੰ ਵੀ ਫਿਲਹਾਲ ਘਰ ਨਹੀਂ ਭੇਜਿਆ ਜਾ ਰਿਹਾ ਹੈ ਅਤੇ ਉਹ ਹਾਲੇ ਸਰਕਾਰੀ ਇਕਾਂਤਵਾਸ ਵਿਚ ਹੀ ਰਹਿਣਗੇ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜਿੰਨ੍ਹਾਂ 35 ਲੋਕਾਂ ਦੀਆਂ ਰਿਪੋਟਾਂ ਪਾਜਿਟਵ ਆਈਆਂ ਹਨ ਉਨ੍ਹਾਂ ਵਿਚੋਂ 33 ਬਠਿੰਡਾ ਜ਼ਿਲ੍ਹੇ ਦੇ ਹਨ ਅਤੇ ਇਕ ਇਕ ਮੋਗਾ ਅਤੇ ਲੁਧਿਆਣਾ ਜ਼ਿਲ੍ਹੇ ਦਾ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਸਭ ਹਾਲ ਦੀ ਘੜੀ ਠੀਕਠਾਕ ਹਨ ਅਤੇ ਘਬਰਾਉਣ ਦੀ ਜਰੂਰਤ ਨਹੀਂ ਹੈ। ਉਨ੍ਹਾਂ ਨੇ ਦੱਸਿਆ ਕਿ ਇੰਨ੍ਹਾ ਸਾਰਿਆਂ ਨੂੰ ਜ਼ਿਲ੍ਹੇ ਵਿਚ ਦਾਖਲ ਹੋਣ ਮੌਕੇ ਤੇ ਹੋ ਹੀ ਇਕਾਂਤਵਾਸ ਵਿਚ ਕਰ ਲਿਆ ਗਿਆ ਸੀ ਅਤੇ ਇੰਨ੍ਹਾਂ ਦੇ ਘਰ ਪਰਿਵਾਰ ਨੂੰ ਵੀ ਮਿਲਣ ਨਹੀਂ ਦਿੱਤਾ ਸੀ। ਇਸ ਲਈ ਹਾਲੇ ਤੱਕ ਜ਼ਿਲ੍ਹੇ ਵਿਚ ਬਿਮਾਰੀ ਦੀ ਇਨਫੈਕਸ਼ਨ ਦੇ ਸਥਾਨਕ ਸ੍ਰੋਤ ਦਾ ਕੋਈ ਸੰਕੇਤ ਨਹੀਂ ਮਿਲਿਆ ਹੈ।

ਇਸ ਤੋਂ ਬਿਨ੍ਹਾਂ ਰਾਜਸਥਾਨ ਦੇ ਜੈਸਮਲੇਰ ਤੋਂ ਜੋ ਲੇਬਰ ਦੇ 376 ਵਿਅਕਤੀ ਪਰਤੇ ਸਨ ਉਨ੍ਹਾਂ ਵਿਚੋਂ ਵੀ 60 ਦੀ ਰਿਪੋਰਟ ਨੈਗੇਟਿਵ ਪ੍ਰਾਪਤ ਹੋ ਚੁੱਕੀ ਹੈ ਅਤੇ ਬਾਕੀਆਂ ਦੇ ਨਮੂਨੇ ਲਏ ਜਾ ਰਹੇ ਹਨ ਜਦ ਕਿ ਕੁਝ ਦੇ ਨਮੂਨਿਆਂ ਦੇ ਰਿਜਲਟ ਉਡੀਕੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਇੰਨ੍ਹਾਂ ਲੋਕਾਂ ਨੂੰ ਤਲਵੰਡੀ ਸਾਬੋ ਵਿਖੇ ਬਣੇ ਇਕਾਂਤਵਾਸ ਕੇਂਦਰਾਂ ਵਿਚ ਠਹਿਰਾਇਆ ਗਿਆ ਹੈ।

I/21865/2020